# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-08-2024**

ਅੱਜ ਰਾਸ਼ਟਰ ਆਪਣਾ 78ਵਾਂ ਆਜ਼ਾਦੀ ਦਿਵਸ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ ਆਜ਼ਾਦੀ ਦਾ ਜਸ਼ਨ ਮਨਾਉਣ ‘ਚ ਰਾਸ਼ਟਰ ਦੀ ਅਗਵਾਈ ਕੀਤੀ। ਓਨਾਂ ਲਾਲ ਕਿਲੇ ਦੀ ਫਸੀਲ ‘ਤੇ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਦੇਸ਼ ਨੂੰ ਸੰਬੋਧਨ ਕੀਤਾ। ਆਪਣੇ ਸੰਬੋਧਨ ‘ਚ ਪ੍ਰਧਾਨ ਮੰਤਰੀ ਨੇ ਭਰੋਸਾ ਕਿ ਜੇਕਰ ਦੇਸ਼ ਦੇ 140 ਕਰੋੜ ਲੋਕ ਅਹਿਦ ਲੈ ਲੈਣ ਅਤੇ ਇੱਕ ਦਿਸ਼ਾ ਵਿੱਚ ਇਕੱਠੇ ਹੋ ਜਾਣ ਤਾਂ ਭਾਰਤ ਸਾਰੀਆਂ ਰੁਕਾਵਟਾਂ ਨੂੰ ਪਾਰ ਕਰਕੇ ਸਾਲ 2047 ਤੱਕ ਵਿਕਸਿਤ ਭਾਰਤ' ਬਣ ਜਾਵੇਗਾ। ਲਾਲ ਕਿਲ੍ਹੇ ਦੀ ਫਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਸ੍ਰੀ ਮੋਦੀ ਨੇ ਕਿਹਾ ਕਿ ਵਿਕਸਿਤ ਭਾਰਤ ਲਈ ਬਹੁਤ ਮਿਹਨਤ ਕੀਤੀ ਜਾ ਰਹੀ ਏ ਅਤੇ ਦੇਸ਼ ਦੇ ਕਰੋੜਾਂ ਲੋਕਾਂ ਤੋਂ ਸੁਝਾਅ ਲਏ ਜਾ ਰਹੇ ਨੇ।

**BYTE:**

ਆਪਣੇ ਸੰਬੋਧਨ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਇਹ ਦੇਸ਼ ਹਰ ਸ਼ਹੀਦ ਅਤੇ ਆਜ਼ਾਦੀ ਘੁਲਾਟੀਏ ਦਾ ਕਰਜ਼ਦਾਰ ਅਤੇ ਸ਼ੁਕਰਗੁਜ਼ਾਰ ਰਹੇਗਾ ਏ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਮਹਾਨ ਸ਼ਖਸੀਅਤਾਂ ਨੂੰ ਸਲਾਮ ਕਰਨ ਦਾ ਮੌਕਾ ਏ ਜੋ ਰਾਸ਼ਟਰ ਦੀ ਰੱਖਿਆ, ਪੂਰੀ ਤਨਦੇਹੀ ਨਾਲ ਇਸ ਦੇ ਨਿਰਮਾਣ ਅਤੇ ਦੇਸ਼ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਲਈ ਸਮਰਪਿਤ ਨੇ। ਉਨ੍ਹਾਂ ਕਿਹਾ ਕਿ ਨੌਜਵਾਨ, ਕਿਸਾਨ, ਔਰਤਾਂ ਅਤੇ ਕਬਾਇਲੀਆਂ ਸਮੇਤ ਸਮਾਜ ਦੇ ਹਰ ਵਰਗ ਦੇ ਲੋਕ ਗੁਲਾਮੀ ਵਿਰੁੱਧ ਲੜਦੇ ਰਹੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਤਿਹਾਸ ਗਵਾਹ ਏ ਕਿ 1857 ਦੀ ਆਜ਼ਾਦੀ ਦੀ ਪਹਿਲੀ ਲੜਾਈ ਤੋਂ ਪਹਿਲਾਂ ਵੀ ਬਹੁਤ ਸਾਰੇ ਕਬਾਇਲੀ ਇਲਾਕੇ ਸਨ ਜਿੱਥੇ ਆਜ਼ਾਦੀ ਦੀ ਲੜਾਈ ਲੜੀ ਜਾ ਰਹੀ ਸੀ। ਪ੍ਰਧਾਨ ਮੰਤਰੀ ਨੇ ਕੁਦਰਤੀ ਆਫ਼ਤਾਂ ਵਿੱਚ ਹਾਲ ਹੀ ਵਿੱਚ ਹੋਏ ਵਾਧੇ ਉੱਤੇ ਚਿੰਤਾ ਜ਼ਾਹਰ ਕੀਤੀ। ਉਨ੍ਹਾਂ ਨੇ ਪ੍ਰਭਾਵਿਤ ਲੋਕਾਂ ਪ੍ਰਤੀ ਹਮਦਰਦੀ ਪ੍ਰਗਟ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਦੇਸ਼ ਇਸ ਚੁਣੌਤੀਪੂਰਨ ਸਮੇਂ ਵਿੱਚ ਉਨ੍ਹਾਂ ਦੇ ਨਾਲ ਏ। ਉਨ੍ਹਾਂ ਕਿਹਾ ਕਿ ਉਨ੍ਹਾਂ

ਦੀ ਸਰਕਾਰ ਨੂੰ ਸਾਰੇ ਖੇਤਰਾਂ ਵਿੱਚ ਆਪਣੀਆਂ ਨੀਤੀਆਂ ਕਾਰਨ ਨਵੀਂ ਹਮਾਇਤ ਮਿਲ ਰਹੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਵੋਕਲ  ਫਾਰ ਲੋਕਲ ਦਾ ਮੰਤਰ ਦਿੱਤਾ ਏ। ਅਤੇ ਹਰ ਜ਼ਿਲਾ ਆਪਣੀ ਉਪਜ ਤੇ ਮਾਣ ਕਰਨ ਲੱਗ ਪਿਆ ਏ।

**BYTE:**

ਸ੍ਰੀ ਮੋਦੀ ਨੇ ਕਿਹਾ ਕਿ ਬੈਂਕਿੰਗ ਖੇਤਰ ਨੂੰ ਮਜ਼ਬੂਤ ਕਰਨ ਲਈ ਕਈ ਸੁਧਾਰ ਕੀਤੇ ਗਏ ਨੇ .  ਉਨ੍ਹਾਂ ਕਿਹਾ ਕਿ ਇਸ ਕਾਰਨ ਅੱਜ ਭਾਰਤੀ ਬੈਂਕਾਂ ਨੇ ਦੁਨੀਆ ਦੇ ਪ੍ਰਮੁੱਖ ਬੈਂਕਾਂ ਵਿੱਚ ਆਪਣੀ ਥਾਂ ਬਣਾਈ ਏ। ਓਹਨਾਂ ਇਹ ਵੀ ਕਿਹਾ ਕਿ ਜਦੋਂ ਬੈਂਕ ਮਜ਼ਬੂਤ ਹੁੰਦੇ ਨੇ, ਤਾਂ ਰਸਮੀ ਆਰਥਿਕਤਾ ਦੀ ਤਾਕਤ ਵੀ ਵਧਦੀ ਏ। ਪ੍ਰਧਾਨ ਮੰਤਰੀ ਨੇ ਇਹ ਵੀ ਦੱਸਿਆ ਕਿ ਇਸ ਖੇਤਰ ਵਿੱਚ ਬਹੁਤ ਸਾਰੇ ਕੰਮ ਕੀਤੇ ਗਏ ਨੇ .  ਓਹਨਾਂ ਕਿਹਾ ਕਿ ਬਹੁਤ ਸਾਰੇ ਸਟਾਰਟਅੱਪ ਇਸ ਸੈਕਟਰ ਵਿੱਚ ਦਾਖਲ ਹੋ ਰਹੇ ਨੇ । ਉਨ੍ਹਾਂ ਕਿਹਾ ਕਿ ਭਾਰਤ ਨੂੰ ਇੱਕ ਸ਼ਕਤੀਸ਼ਾਲੀ ਰਾਸ਼ਟਰ ਬਣਾਉਣ ਲਈ ਪੁਲਾੜ ਖੇਤਰ ਇੱਕ ਜ਼ਰੂਰੀ ਤੱਤ ਏ। ਉਨ੍ਹਾਂ ਕਿਹਾ ਕਿ ਸਰਕਾਰ ਲੰਮੀ ਮਿਆਦ ਦੀ ਯੋਜਨਾ ਬਣਾ ਕੇ ਇਸ ਸੈਕਟਰ ਨੂੰ ਮਜ਼ਬੂਤ ਬਣਾ ਰਹੀ ਏ।

ਸ਼੍ਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ, ਜੋ ਕਦੇ ਦਹਿਸ਼ਤਗਰਦ ਹਮਲਿਆਂ ਦਾ ਸ਼ਿਕਾਰ ਸੀ, ਹੁਣ ਦਲੇਰ ਅਤੇ ਮਜ਼ਬੂਤ ਹੋ ਗਿਆ ਏ । ਉਨ੍ਹਾਂ ਕਿਹਾ ਕਿ ਜਦੋਂ ਦੇਸ਼ ਦੀਆਂ ਹਥਿਆਰਬੰਦ ਸੈਨਾਵਾਂ ਸਰਜੀਕਲ ਅਤੇ ਹਵਾਈ ਹਮਲੇ ਕਰਦੀਆਂ ਨੇ ਤਾਂ ਹਰ ਭਾਰਤੀ ਮਾਣ ਨਾਲ ਭਰ ਜਾਂਦੇ ਨੇ । ਪ੍ਰਧਾਨ ਮੰਤਰੀ ਨੇ ਇਸ ਨੂੰ ਮੰਦਭਾਗਾ ਕਰਾਰ ਦਿੱਤਾ ਕਿ ਆਜ਼ਾਦੀ ਤੋਂ ਬਾਅਦ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮਦਦ ਲੈਣ ਲਈ ਸਰਕਾਰ ਅੱਗੇ ਹੱਥ ਫੈਲਾਉਣੇ ਪਏ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸ਼ਾਸਨ ਦੇ ਇਸ ਮਾਡਲ ਨੂੰ ਬਦਲ ਦਿੱਤਾ ਏ ਅਤੇ ਅੱਜ ਸਰਕਾਰ ਖੁਦ ਹੀ ਲਾਭਪਾਤਰੀ ਕੋਲ ਜਾਂਦੀ ਏ . ਉਨ੍ਹਾਂ ਦੱਸਿਆ ਕਿ ਅੱਜ ਸਰਕਾਰ ਆਪ  ਗੈਸ ਚੁੱਲ੍ਹਾ, ਪਾਣੀ, ਬਿਜਲੀ ਅਤੇ ਲੋਕਾਂ ਦੀ ਆਰਥਿਕ ਮਦਦ ਕਰਦੀ ਏ ।  ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ 10 ਕਰੋੜ ਔਰਤਾਂ ਔਰਤ ਸਵੈ-ਸਹਾਇਤਾ ਸਮੂਹਾਂ ਵਿੱਚ ਸ਼ਾਮਲ ਹੋਈਆਂ ਅਤੇ ਮਾਲੀ ਤੌਰ 'ਤੇ ਸੁਤੰਤਰ ਹੋਈਆਂ ਨੇ ।

**BYTE:**

ਪ੍ਰਧਾਨ ਮੰਤਰੀ ਨੇ ਔਰਤਾਂ ਵਿਰੁੱਧ ਹਿੰਸਾ ਅਤੇ ਅਪਰਾਧਾਂ ਦੇ ਵਧਦੇ ਮਾਮਲਿਆਂ 'ਤੇ ਵੀ ਚਿੰਤਾ ਪ੍ਰਗਟਾਈ । ਉਨ੍ਹਾਂ ਕਿਹਾ ਕਿ ਬਲਾਤਕਾਰ ਦੀਆਂ ਘਟਨਾਵਾਂ ਨੂੰ ਉਜਾਗਰ ਕੀਤਾ ਜਾਂਦਾ ਹੈ ਪਰ ਦੋਸ਼ੀਆਂ ਨੂੰ ਮਿਲਣ ਵਾਲੀ ਸਜ਼ਾ ਨੂੰ ਮੀਡੀਆ ਵਿੱਚ ਉਜਾਗਰ ਨਹੀਂ ਕੀਤਾ ਜਾਂਦਾ। ਉਨ੍ਹਾਂ ਕਿਹਾ ਕਿ ਅਪਰਾਧੀਆਂ ਨੂੰ ਸਜ਼ਾਵਾਂ ਦਾ ਵਿਆਪਕ ਪੱਧਰ 'ਤੇ ਪ੍ਰਚਾਰ ਕੀਤਾ ਜਾਣਾ ਚਾਹੀਦਾ ਏ ਤਾਂ ਜੋ ਲੋਕ ਅਜਿਹੇ ਘਿਨਾਉਣੇ ਅਪਰਾਧ ਕਰਨ ਤੋਂ ਡਰਨ।

---------------------------------------------------------------

ਪੰਜਾਬ ਵਿੱਚ ਰਾਜ ਪੱਧਰੀ ਸੁਤੰਤਰਤਾ ਦਿਵਸ ਸਮਾਗਮ ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿੱਚ ਕਰਵਾਇਆ ਗਿਆ। ਸੂਬੇ ਦੇ ਮੁੱਖ ਮੰਤਰੀ ਭਗਵਤ ਸਿੰਘ ਮਾਨ ਨੇ, ਕੌਮੀ ਝੰਡਾ ਲਹਿਰਾਇਆ। ਉਨ੍ਹਾਂ ਨੇ ਪਰੇਡ ਕਮਾਂਡਰ ਵੈਭਵ ਚੌਧਰੀ ਦੀ ਅਗਵਾਈ ਵਿੱਚ ਮਾਰਚ ਪਾਸਟ ਤੋਂ ਸਲਾਮੀ ਵੀ ਲਈ। ਵੱਖ-ਵੱਖ ਵਿਭਾਗਾਂ ਵੱਲੋਂ ਵਿਕਾਸ ਅਤੇ ਲੋਕ ਭਲਾਈ ਯੋਜਨਾਵਾਂ ਨੂੰ ਦਰਸਾਉਂਦੀ ਝਾਕੀ ਪੇਸ਼ ਕੀਤੀ ਗਈ । ਸਕੂਲੀ ਵਿਦਿਆਰਥੀਆਂ ਵੱਲੋਂ ਪੀ.ਟੀ.ਸ਼ੋਅ ਉਪਰੰਤ ਵੱਖ-ਵੱਖ ਕਾਲਜਾਂ ਅਤੇ

ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਰੰਗੀ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਇਸੇ ਤਰਾਂ ਵੱਖ ਵੱਖ ਜ਼ਿਲਿਆਂ ਵਿਚ ਵੀ ਆਜ਼ਾਦੀ ਦਿਹਾੜੇ ਦਾ ਰੰਗ ਵੇਖਣ ਨੂੰ ਮਿਲਿਆ। ਰੂਪਨਗਰ ਜ਼ਿਲ੍ਹੇ ਦੇ ਨਹਿਰੂ ਸਟੇਡੀਅਮ ਵਿਖੇ ਕੌਮੀ ਝੰਡਾ ਲਹਿਰਾਉਣ ਦੀ ਰਸਮ, ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਨੇ ਨਿਭਾਈ। ਉਨਾਂ ਸ਼ਾਨਦਾਰ ਮਾਰਚ ਪਾਸਟ ਦਾ ਨਿਰੀਖਣ ਕੀਤਾ ਅਤੇ ਵੱਖ ਵੱਖ ਟੁਕੜਿਆਂ ਤੋਂ ਸਲਾਮੀ ਲਈ। ਜਿਸ ਵਿਚ ਪੰਜਾਬ ਪੁਲਿਸ ਪੰਜਾਬ ਪੁਲਿਸ ਮਹਿਲਾ ਪੰਜਾਬ ਹੋਮ-ਗਾਰਡਜ ਅਤੇ ਬੈਂਡ ਦੀਆਂ ਟੁਕੜੀਆਂ ਵੱਲੋਂ ਮਾਰਚ-ਪਾਸਟ ਕੀਤਾ ਗਿਆ। ਰੂਪਨਗਰ ਜ਼ਿਲ੍ਹੇ ਨਾਲ ਸਬੰਧਤ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਾਂ ਦਾ ਸਨਮਾਨ ਵੀ ਕੀਤਾ ਗਿਆ ਅਤੇ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੇ ਮੁਲਾਜ਼ਮਾਂ, ਵਿਦਿਆਰਥੀਆਂ ਅਤੇ ਖਿਡਾਰੀਆਂ ਦਾ ਸਨਮਾਨ ਵੀ ਕੀਤਾ ਗਿਆ। ਜ਼ਿਲਾ ਰੈਡ ਕਰਾਸ ਦੇ ਵੱਲੋਂ ਲੋੜਵੰਦ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੀ ਭੇਟ ਕੀਤੀਆਂ ਗਈਆਂ। ਓਧਰ ਗੁਰਦਾਸਪੁਰ ਦੇ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਖੇਡ ਸਟੇਡੀਅਮ ਵਿਖੇ ਕਰਵਾਏ ਗਏ ਜਿਲ੍ਹਾ

ਪੱਧਰੀ ਸਮਾਗਮ ਵਿੱਚ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚਕ ਨੇ ਕੌਮੀ ਝੰਡਾ ਲਹਿਰਾਇਆ। ਜਿਲਾ ਫਤਿਹਗੜ੍ਹ ਸਾਹਿਬ ਦੇ ਮਾਧੋਪੁਰ ਸਥਿਤ ਖੇਡ ਸਟੇਡੀਅਮ ਸਰਹਿੰਦ ਵਿਖੇ ਜ਼ਿਲਾ ਪੱਧਰੀ ਆਜ਼ਾਦੀ ਦਿਹਾੜਾ ਮਨਾਇਆ ਗਿਆ। ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਕੌਮੀ ਝੰਡਾ ਚੜਾਉਣ ਦੀ ਰਸਮ ਅਦਾ ਕੀਤੀ । ਅਧਿਕਾਰੀਆਂ ਵੱਲੋਂ ਆਜ਼ਾਦੀ ਘੁਲਾਟੀਆਂ ਸਮੇਤ ਸਮਾਜ ਵਿੱਚ ਚੰਗੇ ਕੰਮ ਕਰਨ ਵਾਲਿਆਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ । ਜਰੂਰਤਮੰਦਾਂ ਵਿਅਕਤੀਆਂ ਨੂੰ ਟਰਾਈਸਾਈਕਲ ਅਤੇ ਵਿਧਵਾ ਔਰਤਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਗਈਆਂ । ਹੁਸ਼ਿਆਰਪੁਰ ਵਿਖੇ ਜਿਲ੍ਹਾ ਪੱਧਰੀ ਸਮਾਗਮ ਜਿਲ੍ਹਾ ਪੁਲਿਸ ਲਾਈਨ ਵਿਖੇ ਆਯੋਜਿਤ ਕੀਤਾ ਗਿਆ ਜਿਸ ਵਿੱਚ ਜਿਲ੍ਹ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਮੁੱਖ ਮਹਿਮਾਨ ਰਹੇ । ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਜਿਸ ਦੌਰਾਨ ਦੇਸ਼ ਭਗਤੀ ਗੀਤਾਂ ਤੇ ਅਧਾਰਤ ਪੇਸ਼ਕਾਰੀ ਸਲਾਹੁਣ ਯੋਗ ਰਹੀ। ਫਾਜ਼ਿਲਕਾ ਸਥਿਤ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਫਾਜ਼ਿਲਕਾ ਵਿਖੇ ਜ਼ਿਲਾ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ

ਲਹਿਰਾਉਣ ਦੀ ਰਸਮ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅਦਾ ਕੀਤੀ । ਇਸ ਤੋਂ ਪਹਿਲਾਂ ਕੈਬਿਨੇਟ ਮੰਤਰੀ ਨੇ ਫਾਜ਼ਿਲਕਾ ਦੇ ਸਰਹੱਦ ਨੇੜੇ ਪਿੰਡ ਅਸਫਵਾਲਾ ਪਿੰਡ ਚ ਬਣੀ ਸ਼ਹੀਦਾਂ ਦੀ ਸਮਾਧੀ ਤੇ ਨਤਮਸਤਕ ਹੋ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ।

---------------------------------------------------------

ਆਕਾਸ਼ਵਾਣੀ ਜਲੰਧਰ ਦੇ ਵਿਹੜੇ ਵਿਚ ਆਜ਼ਾਦੀ ਦਿਵਸ ਸਮਾਗਮ ਅੱਜ ਪੂਰੇ ਉਤਸ਼ਾਹ, ਖੁਸ਼ੀਆਂ ਤੇ ਚਾਵਾਂ ਨਾਲ ਮਨਾਇਆ ਗਿਆ। ਆਕਾਸ਼ਵਾਣੀ ਦੀ ਰਵਾਇਤ ਮੁਤਾਬਕ ਇਸ ਸਾਲ ਸੇਵਾਮੁਕਤ ਹੋਣ ਵਾਲੇ ਅਧਿਕਾਰਿਆਂ ਤੇ ਕਰਮਚਾਰੀਆਂ ਨੇ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਨਿਭਾਈ। ਇਨਾਂ ਵਿਚ ਖੇਤਰੀ ਸਮਾਚਾਰ ਯੂਨਿਟ ਦੇ ਡਿਪਟੀ ਡਾਇਰੈਕਟਰ ਸਮਾਚਾਰ ਤੇ ਯੂਨਿਟ ਦੇ ਮੁਖੀ ਸ਼ਿਸ਼ੂ ਸ਼ਰਮਾ ਸ਼ਾਂਤਲ, ਸੀਨੀਅਰ ਟੈਕਨੀਸ਼ੀਅਨ ਜਤਿੰਦਰ ਸਿੰਘ, ਅਨਾਉਂਸਰ ਪ੍ਰਵੇਸ਼ ਕੁਮਾਰ ਅਤੇ ਸਹਾਇਕ ਇੰਜੀਨਿਅਰ ਮਨ ਜਿੰਦਰਜੀਤ ਸਿੰਘ ਸ਼ਾਮਲ ਰਹੇ। ਕੇਂਦਰ ਦੇ ਮੁਖੀ ਡਿਪਟੀ ਡਾਇਰੈਕਟਰ ਜਨਰਲ ਇੰਜੀਨੀਅਰਿੰਗ ਰਣਜੀਤ ਸਿੰਘ ਮੀਣਾ ਵੀ ਉਨਾਂ ਨਾਲ ਮੌਜੂਦ ਰਹੇ। ਪੰਜਾਬ ਪੁਲਿਸ ਦੀ

ਇਕ ਟੁਕੜੀ ਨੇ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ। ਆਪਣੇ ਸੰਬੋਧਨ ਵਿਚ ਡਿਪਟੀ ਡਾਇਰੈਕਟਰ ਜਨਰਲ ਇੰਜੀਨੀਅਰਿੰਗ ਰਣਜੀਤ ਸਿੰਘ ਮੀਣਾ ਨੇ ਆਜ਼ਾਦੀ ਲਈ ਜਾਨਾਂ ਵਾਰਨ ਵਾਲੇ ਸ਼ਹੀਦਾਂ ਨੂੰ ਨਿੱਘੀ ਸ਼ਰਧਾਂਜਲੀ ਦਿੱਤੀ। ਇਸ ਮੌਕੇ ਤੇ ਦੇਸ਼ਭਕਤੀ ਦੇ ਗੀਤਾਂ ਤੇ ਆਧਾਰਤ ਸ਼ਾਨਦਾਰ ਰੰਗਾਰੰਗ ਪ੍ਰੋਗਰਾਮ ਸਾਰਿਆਂ ਦੀ ਖਿੱਚ ਦਾ ਕੇਂਦਰ ਬਣਿਆ ਜਦਕਿ ਗਿਦੇ ਤੇ ਭੰਗੜੇ ਦੀ ਖੂਬਸੂਰਤ ਪੇਸ਼ਕਾਰੀ ਨੇ ਖੂਬ ਸਮਾਂ ਬਨਿਆ। ਰਣਜੀਤ ਮੀਣਾ, ਪ੍ਰੋਗਰਾਮ ਮੁਖੀ ਪਰਮਜੀਤ ਸਿੰਘ ਅਤੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਅਨਿਲ ਕੁਮਾਰ ਸੰਧੂ ਨੇ ਰੰਗਾਰੰਗ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਲੇ ਕਲਾਕਾਰਾਂ ਨੂੰ ਯਾਦਗਾਰੀ ਚਿਨ੍ਹ ਦੇ ਕੇ ਸਨਮਾਨਤ ਕੀਤਾ। ਪ੍ਰੋਗਰਾਮ ਅਧਿਕਾਰੀ ਪ੍ਰਤਿਸ਼ਠਾ ਜੈਨ ਅਤੇ ਅਨਾਉਂਸਰ ਸੁਖਜੀਤ ਤੇ ਬੀਰ ਬਰਿੰਦਰ ਸਿੰਘ ਵਲੋਂ ਇਸ ਪ੍ਰੋਗਰਾਮ ਨੂੰ ਕਾਮਯਾਬੀ ਨਾਲ ਨੇਪਰੇ ਚਾੜਣ ਵਿਚ ਵਿਸ਼ੇਸ਼ ਯੋਗਦਾਨ ਰਿਹਾ। ਸੁਖਜੀਤ ਦਾ ਇਸ ਯਾਦਗਾਰੀ ਪ੍ਰੋਗਰਾਮ ਨੂੰ ਕਾਮਯਾਬੀ ਨਾਲ ਨੇਪਰੇ ਚਾੜਣ ਵਿਚ ਵਿਸ਼ੇਸ਼ ਯੋਗਦਾਨ ਰਿਹਾ। ਆਕਾਸ਼ਵਾਣੀ ਦੇ ਅਧਿਕਾਰਿਆਂ, ਕਰਮਚਾਰੀਆਂ ਤੇ ਉਨਾਂ ਦੇ ਪਰਿਵਾਰਕ ਮੇਮ੍ਬਰਾਂ ਨੇ ਇਸ ਪ੍ਰੋਗਰਾਮ ਦਾ ਖੂਬ ਆਨੰਦ ਮਾਣਿਆ।